# ਪੰਜਾਬ ਸਕੂਲ ਸਿੱਖਿਆ ਬੋਰਡ

## ਪ੍ਰੈਸ ਨੋਟ

**(ਕੇਵਲ ਦਸਵੀਂ ਪੱਧਰ ਦੀ ਪੰਜਾਬੀ ਵਾਧੂ ਵਿਸ਼ੇ ਦੀ ਪਰੀਖਿਆ ਸਬੰਧੀ)**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੈਸ਼ਨ 2015-16 ਦੀ ਦੂਜੀ ਤਿਮਾਹੀ ਦੀ ਪਰੀਖਿਆ ਲੈਣ ਲਈ ਮਿਤੀ 29-07-2015 ਅਤੇ 30-07-2015 ਨਿਸ਼ਚਿਤ ਕੀਤੀ ਗਈ ਹੈ। ਪੰਜਾਬੀ-ਏ ਦੀ ਪਰੀਖਿਆ ਮਿਤੀ 29-07-2015 ਅਤੇ ਪੰਜਾਬੀ-ਬੀ ਦੀ ਪਰੀਖਿਆ ਮਿਤੀ 30-07-2015 ਨੂੰ ਹੋਵੇਗੀ। ਪਰੀਖਿਆ ਸਬੰਧੀ ਫਾਰਮ ਮਿਤੀ 17-07-2015 ਤੱਕ ਮੁੱਖ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ ਸਾਹਿਬਜਾਦਾ ਅਜੀਤ ਸਿੰਘ ਨਗਰ ਵਿਖੇ ਪ੍ਰਾਪਤ ਕੀਤੇ ਜਾਣਗੇ। ਪਰੀਖਿਆਰਥੀ ਪਰੀਖਿਆ ਫਾਰਮ ਜਮ੍ਹਾਂ ਕਰਵਾਉਣ ਸਮੇਂ ਆਪਣੇ ਮੈਟ੍ਰਿਕ ਪਾਸ ਦੇ ਅਸਲ ਸਰਟੀਫਿਕੇਟ ਅਤੇ ਤਸਦੀਕਸ਼ੁਦਾ ਫੋਟੋ ਕਾਪੀਆਂ ਨਾਲ ਲੈ ਕੇ ਆਉਣ। ਪਰੀਖਿਆ ਫਾਰਮ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਬੋਰਡ ਦੀ ਅਕਾਦਮਿਕ ਸ਼ਾਖਾ ਤੋਂ ਸਮਾਨਤਾ ਪੱਤਰ ਪ੍ਰਾਪਤ ਕਰਕੇ ਪ੍ਰੀਖਿਆ ਫਾਰਮ ਦੇ ਨਾਲ ਨੱਥੀ ਕੀਤਾ ਜਾਵੇ। ਪਰੀਖਿਆ ਫਾਰਮ ਅਤੇ ਹੋਰ ਜਾਣਕਾਰੀ ਲਈ ਬੋਰਡ ਦੀ ਵੈਬ ਸਾਈਟ www.pseb.ac.in ਵੇਖੀ ਜਾਵੇ।

ਸਕੱਤਰ